**ਭੈਰਉ ਮਹਲਾ ੫ ॥ ਪ੍ਰਥਮੇ ਛੋਡੀ ਪਰਾਈ ਨਿੰਦਾ ॥ ਉਤਰਿ ਗਈ ਸਭ ਮਨ ਕੀ ਚਿੰਦਾ ॥ ਲੋਭੁ ਮੋਹੁ ਸਭੁ ਕੀਨੋ ਦੂਰਿ ॥ ਪਰਮ ਬੈਸਨੋ ਪ੍ਰਭ ਪੇਖਿ ਹਜੂਰਿ ॥੧॥ ਐਸੋ ਤਿਆਗੀ ਵਿਰਲਾ ਕੋਇ ॥ ਹਰਿ ਹਰਿ ਨਾਮੁ ਜਪੈ ਜਨੁ ਸੋਇ ॥੧॥ ਰਹਾਉ ॥ ਅਹੰਬੁਧਿ ਕਾ ਛੋਡਿਆ ਸੰਗੁ ॥ ਕਾਮ ਕ੍ਰੋਧ ਕਾ ਉਤਰਿਆ ਰੰਗੁ ॥ ਨਾਮ ਧਿਆਏ ਹਰਿ ਹਰਿ ਹਰੇ ॥ ਸਾਧ ਜਨਾ ਕੈ ਸੰਗਿ ਨਿਸਤਰੇ ॥੨॥ ਬੈਰੀ ਮੀਤ ਹੋਏ ਸੰਮਾਨ ॥ ਸਰਬ ਮਹਿ ਪੂਰਨ ਭਗਵਾਨ ॥ ਪ੍ਰਭ ਕੀ ਆਗਿਆ ਮਾਨਿ ਸੁਖੁ ਪਾਇਆ ॥ ਗੁਰਿ ਪੂਰੈ ਹਰਿ ਨਾਮੁ ਦ੍ਰਿੜਾਇਆ ॥੩॥ ਕਰਿ ਕਿਰਪਾ ਜਿਸੁ ਰਾਖੈ ਆਪਿ ॥ ਸੋਈ ਭਗਤੁ ਜਪੈ ਨਾਮ ਜਾਪ ॥ ਮਨਿ ਪ੍ਰਗਾਸੁ ਗੁਰ ਤੇ ਮਤਿ ਲਈ ॥ ਕਹੁ ਨਾਨਕ ਤਾ ਕੀ ਪੂਰੀ ਪਈ ॥੪॥੨੭॥੪੦॥** {ਪੰਨਾ 1147}

ਪਦਅਰਥ:- ਪ੍ਰਥਮੇ—ਸਭ ਤੋਂ ਪਹਿਲਾਂ। ਚਿੰਦਾ—ਚਿੰਤਾ। ਸਭੁ—ਸਾਰੇ ਦਾ ਸਾਰਾ। ਪਰਮ—ਸਭ ਤੋਂ ਉੱਚਾ। ਬੈਸਨੋ—ਵਿਸ਼ਨੂ ਦਾ ਭਗਤ, ਪਵਿੱਤਰ ਜੀਵਨ ਵਾਲਾ ਭਗਤ। ਪੇਖਿ—ਵੇਖ ਕੇ। ਹਜੂਰਿ—ਅੰਗ-ਸੰਗ।1।

ਐਸੋ—ਇਹੋ ਜਿਹਾ। ਜਨੁ ਸੋਇ—ਉਹੀ ਮਨੁੱਖ।1। ਰਹਾਉ।

ਅਹੰਬੁਧਿ—ਅਹੰਕਾਰ। ਸੰਗੁ—ਸਾਥ। ਰੰਗੁ—ਪ੍ਰਭਾਵ। ਧਿਆਵੇ—ਧਿਆਉਂਦਾ ਹੈ। ਸੰਗਿ—ਨਾਲ।2।

ਸੰਮਾਨ—ਇੱਕੋ ਜਿਹੇ, ਮਿੱਤਰਾਂ ਵਰਗੇ ਹੀ। ਪੂਰਨ—ਵਿਆਪਕ। ਆਗਿਆ—ਰਜ਼ਾ। ਮਾਨਿ—ਮੰਨ ਕੇ, ਮਿੱਠੀ ਜਾਣ ਕੇ। ਗੁਰਿ ਪੂਰੈ—ਪੂਰੇ ਗੁਰੂ ਨੇ। ਦ੍ਰਿੜਾਇਆ—ਹਿਰਦੇ ਵਿਚ ਪੱਕਾ ਕਰ ਦਿੱਤਾ।3।

ਕਰਿ—ਕਰ ਕੇ। ਮਨਿ—ਮਨ ਵਿਚ। ਪ੍ਰਗਾਸੁ—ਚਾਨਣ, ਆਤਮਕ ਜੀਵਨ ਦੀ ਸੂਝ ਦਾ ਚਾਨਣ। ਤੇ—ਤੋਂ। ਮਤਿ—ਸਿੱਖਿਆ। ਤਾ ਕੀ—ਉਸ ਮਨੁੱਖ ਦੀ। ਪੂਰੀ ਪਈ—ਸਫਲਤਾ ਹੋ ਗਈ।4।

ਅਰਥ:- ਹੇ ਭਾਈ! ਪਰਮਾਤਮਾ ਨੂੰ ਅੰਗ-ਸੰਗ ਵੱਸਦਾ ਵੇਖ ਕੇ (ਮਨੁੱਖ) ਸਭ ਤੋਂ ਉੱਚਾ ਵੈਸ਼ਨਵ ਬਣ ਜਾਂਦਾ ਹੈ (ਉਹ ਮਨੁੱਖ ਬਾਹਰ ਦੀ ਸੁੱਚ ਦੇ ਥਾਂ ਅੰਦਰ ਦੀ ਪਵਿੱਤ੍ਰਤਾ ਕਾਇਮ ਰੱਖਣ ਵਾਸਤੇ) ਸਭ ਤੋਂ ਪਹਿਲਾਂ ਦੂਜਿਆਂ ਦੇ ਐਬ ਲੱਭਣੇ ਛੱਡ ਦੇਂਦਾ ਹੈ (ਇਸ ਤਰ੍ਹਾਂ ਉਸ ਦੇ ਆਪਣੇ) ਮਨ ਦੀ ਸਾਰੀ ਚਿੰਤਾ ਲਹਿ ਜਾਂਦੀ ਹੈ (ਮਨ ਤੋਂ ਵਿਕਾਰਾਂ ਦਾ ਚਿੰਤਨ ਲਹਿ ਜਾਂਦਾ ਹੈ), ਉਹ ਮਨੁੱਖ (ਆਪਣੇ ਅੰਦਰੋਂ) ਲੋਭ ਅਤੇ ਮੋਹ ਸਾਰੇ ਦਾ ਸਾਰਾ ਦੂਰ ਕਰ ਦੇਂਦਾ ਹੈ।1।

ਹੇ ਭਾਈ! (ਇਹੋ ਜਿਹਾ ਵੈਸ਼ਨਵ ਹੀ ਅਸਲ ਤਿਆਗੀ ਹੈ, ਪਰ) ਇਹੋ ਜਿਹਾ ਤਿਆਗੀ (ਜਗਤ ਵਿਚ) ਕੋਈ ਵਿਰਲਾ ਮਨੁੱਖ ਹੀ ਹੁੰਦਾ ਹੈ, ਉਹੀ ਮਨੁੱਖ (ਸਹੀ ਅਰਥਾਂ ਵਿਚ) ਪਰਮਾਤਮਾ ਦਾ ਨਾਮ ਜਪਦਾ ਹੈ।1। ਰਹਾਉ।

ਹੇ ਭਾਈ! (ਜਿਹੜਾ ਮਨੁੱਖ ਪਰਮਾਤਮਾ ਨੂੰ ਹਾਜ਼ਰ-ਨਾਜ਼ਰ ਵੇਖ ਕੇ ਅਸਲ ਵੈਸ਼ਨਵ ਬਣ ਜਾਂਦਾ ਹੈ, ਉਹ) ਅਹੰਕਾਰ ਦਾ ਸਾਥ ਛੱਡ ਦੇਂਦਾ ਹੈ, (ਉਸ ਦੇ ਮਨ ਤੋਂ) ਕਾਮ ਅਤੇ ਕ੍ਰੋਧ ਦਾ ਅਸਰ ਦੂਰ ਹੋ ਜਾਂਦਾ ਹੈ, ਉਹ ਮਨੁੱਖ ਸਦਾ ਪਰਮਾਤਮਾ ਦਾ ਨਾਮ ਸਿਮਰਦਾ ਹੈ। ਹੇ ਭਾਈ! ਅਜਿਹੇ ਮਨੁੱਖ ਸਾਧ ਸੰਗਤਿ ਵਿਚ ਰਹਿ ਕੇ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਂਦੇ ਹਨ।2।

ਹੇ ਭਾਈ! ਪੂਰੇ ਗੁਰੂ ਨੇ ਜਿਸ ਮਨੁੱਖ ਦੇ ਹਿਰਦੇ ਵਿਚ ਪਰਮਾਤਮਾ ਦਾ ਨਾਮ ਪੱਕੇ ਤੌਰ ਤੇ ਟਿਕਾ ਦਿੱਤਾ, ਉਸ ਨੇ ਪਰਮਾਤਮਾ ਦੀ ਰਜ਼ਾ ਨੂੰ ਮਿੱਠਾ ਜਾਣ ਕੇ ਸਦਾ ਆਤਮਕ ਆਨੰਦ ਮਾਣਿਆ ਹੈ, ਉਸ ਨੂੰ ਭਗਵਾਨ ਸਭ ਜੀਵਾਂ ਵਿਚ ਵਿਆਪਕ ਦਿੱਸਦਾ ਹੈ, ਇਸ ਵਾਸਤੇ ਉਸ ਨੂੰ ਵੈਰੀ ਅਤੇ ਮਿੱਤਰ ਇੱਕੋ ਜਿਹੇ (ਮਿੱਤਰ ਹੀ) ਦਿੱਸਦੇ ਹਨ।3।

ਹੇ ਭਾਈ! ਪਰਮਾਤਮਾ ਆਪਣੀ ਮਿਹਰ ਕਰ ਕੇ ਜਿਸ ਮਨੁੱਖ ਦੀ ਆਪ ਰੱਖਿਆ ਕਰਦਾ ਹੈ, ਉਹੀ ਹੈ ਅਸਲ ਭਗਤ, ਉਹੀ ਉਸ ਦੇ ਨਾਮ ਦਾ ਜਾਪ ਜਪਦਾ ਹੈ। ਹੇ ਭਾਈ! ਜਿਸ ਮਨੁੱਖ ਨੇ ਗੁਰੂ ਪਾਸੋਂ (ਜੀਵਨ-ਜੁਗਤਿ ਦੀ) ਸਿੱਖਿਆ ਲੈ ਲਈ ਉਸ ਦੇ ਮਨ ਵਿਚ (ਆਤਮਕ ਜੀਵਨ ਦੀ ਸੂਝ ਦਾ) ਚਾਨਣ ਹੋ ਗਿਆ। ਹੇ ਨਾਨਕ! ਆਖ—ਉਸ ਮਨੁੱਖ ਦੀ ਜ਼ਿੰਦਗੀ ਕਾਮਯਾਬ ਹੋ ਗਈ।4। 27। 40।